# ਪੰਜਾਬ ਸਕੂਲ ਸਿੱਖਿਆ ਬੋਰਡ

## (ਪ੍ਰੈੱਸ ਨੋਟ)

# ਦਸਵੀਂ ਦੀ ਰੀ-ਚੈਕਿੰਗ ਤੇ ਰੀ-ਵੈਲੂਏਸ਼ਨ ਫਾਰਮ 11 ਤੋਂ 25 ਤੱਕ ਭਰੇ ਜਾਣਗੇ

ਐੱਸ.ਏ.ਐੱਸ ਨਗਰ 9 ਮਈ (    ) ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਕੱਤਰ ਸ੍ਰੀਮਤੀ ਹਰਗੁਣਜੀਤ ਕੌਰ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਦਸਵੀਂ ਸ਼੍ਰੇਣੀ ਦੀ ਸਾਲਾਨਾ ਪ੍ਰੀਖਿਆ ਮਾਰਚ 2018 ਦਾ ਨਤੀਜਾ ਮਿਤੀ 08-05-2018 ਨੂੰ ਘੋਸ਼ਿਤ ਹੋ ਚੁੱਕਾ ਹੈ। ਜਿਹੜੇ ਪ੍ਰੀਖਿਆਰਥੀਆਂ ਨੇ ਆਪਣੇ ਕਿਸੇ ਵਿਸ਼ੇ ਦੀ ਰੀਚੈਕਿੰਗ ਜਾਂ ਰੀਵੈਲੂਏਸ਼ਨ ਲਈ ਅਪਲਾਈ ਕਰਨਾ ਹੈ, ਉਹ ਮਿਤੀ 11-5-2018 ਤੋਂ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਵੈਬ-ਸਾਈਟ www.pseb.ac.in ਤੇ ਦਰਸਾਈਆਂ ਹਿਦਾਇਤਾਂ ਅਨੁਸਾਰ ਮਿਤੀ 25-5-2018 ਤੱਕ ਆਨ-ਲਾਈਨ ਅਪਲਾਈ ਕਰ ਸਕਦੇ ਹਨ।

ਬੋਰਡ ਦੇ ਸਕੱਤਰ ਨੇ ਦੱਸਿਆ ਕਿ ਇਸ ਤੋਂ ਬਾਅਦ ਫੀਸ ਚਲਾਨ ਜਨਰੇਟ ਕਰਕੇ ਦਰਸਾਈ ਬੈਂਕ ਵਿੱਚ ਆਖਰੀ ਮਿਤੀ 30-5-2018 ਤੱਕ ਫੀਸ ਜਮ੍ਹਾਂ ਕਰਵਾਈ ਜਾ ਸਕਦੀ ਹੈ। ਇਸ ਉਪਰੰਤ ਰੀਚੈਕਿੰਗ ਫਾਰਮ ਦਾ ਪ੍ਰਿੰਟ ਅਤੇ ਜਮ੍ਹਾਂ ਕਰਵਾਈ ਗਈ ਫੀਸ ਦਾ ਚਲਾਨ ਆਪਣੇ ਜ਼ਿਲ੍ਹੇ ਦੇ ਖੇਤਰੀ ਦਫ਼ਤਰ, ਪੰਜਾਬ ਸਕੂਲ ਸਿੱਖਿਆ ਬੋਰਡ ਵਿਖੇ ਮਿਤੀ 4-6-2018 ਤੱਕ ਜਮ੍ਹਾਂ ਕਰਵਾਏ ਜਾਣ। ਉਨ੍ਹਾਂ ਦੱਸਿਆ ਕਿ ਪ੍ਰੀਖਿਆਰਥੀ ਰੀਚੈਕਿੰਗ ਜਾਂ ਰੀਵੈਲੂਏਸ਼ਨ ਲਈ ਇੱਕ ਹੀ ਵਾਰ ਫਾਰਮ ਭਰ ਸਕਦਾ ਹੈ। ਭਰਿਆ ਫਾਰਮ/ਚਲਾਨ ਕੈਂਸਲ ਨਹੀਂ ਕੀਤਾ ਜਾਵੇਗਾ।

ਮਿਤੀ:-**09-05-2018**

ਕੋਮਲ ਸਿੰਘ (ਲੋਕ ਸੰਪਰਕ ਦਫ਼ਤਰ)
ਪੰਜਾਬ ਸਕੂਲ ਸਿੱਖਿਆ ਬੋਰਡ

Scanned by CamScanner